# ਆਕਾਸ਼ਵਾਣੀ ਜਲੰਧਰ

## ਪ੍ਰਦੇਸ਼ਿਕ ਖਬਰਾਂ ਪੰਜਾਬੀ

**13:10 Pm**

**ਮਿਤੀ: 26-07-2024**

ਅੱਜ, 25ਵੇਂ ਕਾਰਗਿਲ ਵਿਜੇ ਦਿਵਸ 'ਤੇ, ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ, ਦਰਾਸ ਸਥਿਤ ਕਾਰਗਿਲ ਜੰਗੀ ਯਾਦਗਾਰ 'ਤੇ, ਕਾਰਗਿਲ ਜੰਗ ਦੇ ਨਾਇਕਾਂ ਨੂੰ ਸ਼ਰਧਾਂਜਲੀ ਦਿੱਤੀ। ਇਸ ਮੌਕੇ ਪ੍ਰਧਾਨ ਮੰਤਰੀ ਮੋਦੀ ਨੇ ਕਿਹਾ ਕਿ ਕਾਰਗਿਲ ਵਿਜੇ ਦਿਵਸ, ਇਸ ਗੱਲ ਦਾ ਗਵਾਹ ਏ ਕਿ ਰਾਸ਼ਟਰ ਲਈ ਦਿੱਤੀਆਂ ਗਈਆਂ ਕੁਰਬਾਨੀਆਂ ਅਮਰ ਨੇ। ਉਨਾਂ ਕਿਹਾ ਕਿ ਅਸੀਂ ਨਾ ਸਿਰਫ ਕਾਰਗਿਲ ਦੀ ਜੰਗ ਜਿੱਤੀ ਸੀ, ਸਗੋਂ ਸੱਚ ਦੀ ਵੀ ਜਿੱਤ ਹੋਈ ਸੀ ਅਤੇ ਉਸ ਸਮੇਂ ਭਾਰਤ ਅਮਨ ਲਈ ਕੰਮ ਕਰ ਰਿਹਾ ਸੀ।

---------------------------------------------------

ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ, ਵੱਖ-ਵੱਖ ਜ਼ਿਲ੍ਹਿਆਂ ਦੇ ਡਿਪਟੀ ਕਮਿਸ਼ਨਰਾਂ ਨੂੰ ਵਿਕਾਸ ਕਾਰਜਾਂ ਵਿੱਚ ਤੇਜ਼ੀ ਲਿਆਉਣ ਦੇ ਹੁਕਮ ਦਿੱਤੇ ਨੇ, ਤਾਂ ਜੋ ਲੋਕਾਂ ਨੂੰ ਸਮੇਂ ਸਿਰ ਵਿਕਾਸ ਪ੍ਰਾਜੈਕਟਾਂ ਦਾ ਲਾਭ

ਮਿਲ ਸਕੇ। ਜਲੰਧਰ ਵਿਚ ਕਲ ਦੁਆਬਾ ਤੇ ਮਾਝਾ ਦੇ ਸਿਵਲ ਅਤੇ ਪੁਲਿਸ ਅਧਿਕਾਰੀਆਂ ਨਾਲ ਮੀਟਿੰਗ ਦੌਰਾਨ, ਉਨਾਂ ਇਸ ਖਿੱਤੇ ਦੇ ਜ਼ਿਲ੍ਹਿਆਂ ਵਿੱਚ ਚੱਲਦੇ ਵਿਕਾਸ ਪ੍ਰਾਜੈਕਟਾਂ ਦਾ ਜਾਇਜ਼ਾ ਲਿਆ। ਉਨਾਂ ਜਲੰਧਰ ਤੇ ਅੰਮ੍ਰਿਤਸਰ ਨੂੰ ਸਮਾਰਟ ਸਿਟੀ ਬਣਾਉਣ ਨਾਲ ਸਬੰਧਤ ਪ੍ਰਾਜੈਕਟਾਂ ਦੀ ਪ੍ਰਗਤੀ ਦੀ ਸਮੀਖਿਆ ਵੀ ਕੀਤੀ ਅਤੇ ਅਧਿਕਾਰੀਆਂ ਨੂੰ ਇਨ੍ਹਾਂ ਪ੍ਰਾਜੈਕਟਾਂ ਦੀ ਰਫਤਾਰ ਵਿੱਚ ਕੋਈ ਰੁਕਾਵਟ ਨਾ ਆਉਣ ਨੂੰ ਯਕੀਨੀ ਬਣਾਉਣ ਦੇ ਨਿਰਦੇਸ਼ ਦਿੱਤੇ।

---------------------------------------------------------------

BJP ਆਗੂ ਅਤੇ ਜਲੰਧਰ ਦੇ ਸਾਬਕਾ ਸੰਸਦ ਮੈਂਬਰ ਸੁਸ਼ੀਲ ਰਿੰਕੂ ਨੇ ਕਲ ਨਵੀਂ ਦਿੱਲੀ ਵਿੱਚ, ਰੇਲ ਮੰਤਰੀ ਅਸ਼ਵਨੀ ਵੈਸ਼ਨਵ ਨਾਲ ਮੁਲਾਕਾਤ ਕੀਤੀ ਅਤੇ ਜਲੰਧਰ ਜ਼ਿਲ੍ਹੇ ਵਿੱਚ ਰੇਲਵੇ ਨਾਲ ਸਬੰਧਤ ਕਾਰਜਾਂ ਬਾਰੇ ਚਰਚਾ ਕੀਤੀ। ਉਨਾਂ ਰੇਲ ਮੰਤਰੀ ਨੂੰ ਫਿਲੌਰ ਤੇ ਨੂਰਮਹਿਲ ਵਿਚਕਾਰ ਰੇਲਵੇ ਓਵਰ ਬ੍ਰਿਜ ਬਾਰੇ ਚਰਚਾ ਕੀਤੀ। ਸੁਸ਼ੀਲ ਰਿੰਕੂ ਨੇ ਕਿਹਾ ਕਿ ਫਿਲੌਰ ਵਿੱਚ ਰੇਲਵੇ ਓਵਰ ਬ੍ਰਿਜ ਬਣਨ ਨਾਲ ਇਲਾਕੇ ਦੇ ਲੋਕਾਂ ਨੂੰ ਵੱਡੀ ਰਾਹਤ ਮਿਲੇਗੀ। ਇਸ ਦਾ ਅੰਦਾਜ਼ਾ ਫਿਰੋਜ਼ਪੁਰ ਡਿਵੀਜ਼ਨ ਕੋਲ

ਏ, ਇਸ ਨੂੰ ਮੰਤਰਾਲੇ ਨੂੰ ਭੇਜ ਦਿੱਤਾ ਗਿਆ ਏ ਅਤੇ ਰੇਲ ਮੰਤਰੀ ਤੋਂ ਛੇਤੀ ਕੰਮ ਸ਼ੁਰੂ ਕਰਵਾਉਣ ਦੀ ਮੰਗ ਕੀਤੀ ਗਈ । ਇਸ ਤੋਂ ਇਲਾਵਾ ਉਨਾਂ ਗੁਰਾਇਆ ਸੈਕਸ਼ਨ 'ਚ, ਅਲਾਟ ਹੋਏ ਕੰਮ ਨੂੰ ਜਲਦ ਸ਼ੁਰੂ ਕਰਵਾਉਣ ਦੀ ਮੰਗ ਕੀਤੀ। ਸੁਸ਼ੀਲ ਰਿੰਕੂ ਨੇ ਰੇਲ ਮੰਤਰੀ ਤੋਂ ਮੰਗ ਕੀਤੀ ਕਿ ਜੰਮੂ ਵਾਲੀ ਵੰਦੇ ਭਾਰਤ ਐਕਸਪ੍ਰੈਸ ਦਾ ਸਟਾਪੇਜ ਜਲੰਧਰ ਕੈਂਟ ਰੇਲਵੇ ਸਟੇਸ਼ਨ 'ਤੇ ਅਤੇ ਅੰਮ੍ਰਿਤਸਰ ਵੰਦੇ ਭਾਰਤ ਐਕਸਪ੍ਰੈਸ ਰੇਲ ਗੱਡੀ ਦਾ ਸਟਾਪੇਜ ਜਲੰਧਰ ਕੈਂਟ ਦੀ ਬਜਾਏ ਜਲੰਧਰ ਸ਼ਹਿਰ ਸਟੇਸ਼ਨ 'ਤੇ ਕੀਤਾ ਜਾਵੇ ।

---------------------------------------------------------------

ਸ਼੍ਰੋਮਣੀ ਅਕਾਲੀ ਦਲ ਸੁਧਾਰ ਲਹਿਰ ਦੇ ਸੀਨੀਅਰ ਆਗੂ, ਜਥੇਦਾਰ ਸੁੱਚਾ ਸਿੰਘ ਛੋਟੇਪੁਰ ਤੇ ਭਾਈ ਮਨਜੀਤ ਸਿੰਘ ਨੇ, ਸ਼੍ਰੀ ਅਕਾਲ ਤਖਤ ਸਹਿਬ ਦੇ ਜਥੇਦਾਰ, ਸਿੰਘ ਸਾਹਿਬ ਗਿਆਨੀ ਭਾਈ ਰਘਬੀਰ ਸਿੰਘ ਨੂੰ, ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ, ਸੁਖਬੀਰ ਸਿੰਘ ਬਾਦਲ ਦੇ ਬੰਦ ਲਿਫਾਫਾ ਮੁਆਫੀਨਾਮੇ ਨੂੰ ਜਨਤਕ ਕਰਨ ਦੀ ਬੇਨਤੀ ਕੀਤੀ ਏ । ਉਨ੍ਹਾਂ ਕਿਹਾ ਕਿ ਇਹ ਸਮੇਂ ਦੀ ਬਹੁਤ ਵੱਡੀ ਮੰਗ ਏ, ਅਤੇ ਉਸ ਪਿੱਛੇ ਕਈ ਵੱਡੇ

ਕਾਰਣ ਵੀ ਨੇ। ਉਨ੍ਹਾਂ ਕਿਹਾ ਕਿ ਇਸਤੋਂ ਪਹਿਲਾਂ ਵੀ, ਡੇਰਾ ਸਿਰਸਾ ਵਲੋਂ ਜਿਹੜਾ ਮੁਆਫੀਨਾਮਾ ਆਇਆ ਸੀ ਜਾਂ ਖੁਦ ਲਿਖਿਆ ਸੀ ਜਾਂ ਉਹ ਬੰਦ ਜਾਂ ਖੁੱਲੇ ਲਿਫਾਫੇ ਵਿਚ ਆਇਆ ਸੀ, ਇਹ ਭੇਦ ਬਣਿਆ ਹੋਇਆ ਏ ਅਤੇ ਇਸੇ ਲਿਫਾਫਾ ਕਲਚਰ ਤੇ ਬੰਦ ਕਮਰਾ ਮੀਟਿੰਗਾਂ ਨੂੰ, ਪੂਰੀ ਤਰ੍ਹਾਂ ਠੱਲ ਪਾਈ ਜਾਵੇ। ਡੇਰਾ ਸਿਰਸਾ ਦੇ ਉਸ ਮੁਆਫੀਨਾਮੇ ਨੂੰ ਵੀ ਜਨਤਕ ਨਾ ਕਰਕੇ, ਸਿੱਖ ਪੰਥ ਵਿਚ ਚਰਚਾ ਹੀ ਨਹੀਂ ਹੋਣ ਦਿੱਤੀ ਗਈ।

---------------------------------------------------------------

ਭਾਰਤ ਸਰਕਾਰ ਦੇ ਸੂਚਨਾ ਤੇ ਪ੍ਰਸਾਰਣ ਮੰਤਰਾਲਾ ਤਹਿਤ, ਕੇਂਦਰੀ ਸੰਚਾਰ ਬਿਊਰੋ ਜਲੰਧਰ ਨੇ ਕਾਰਗਿਲ ਵਿਜੇ ਦਿਵਸ ਦੀ ਸਿਲਵਰ ਜੁਬਲੀ ਦੇ ਮੌਕੇ 'ਤੇ ਇੱਕ ਕਲ ਹੁਸ਼ਿਆਰਪੁਰ ਵਿਚ ਇਕ ਪੇਂਟਿੰਗ ਮੁਕਾਬਲਾ ਕਰਵਾਇਆ। ਸੈਨਿਕ ਵੈਲਫੇਅਰ ਦਫਤਰ ਸਥਿਤ, ਸੈਨਿਕ ਇੰਸਟੀਚਿਊਟ ਆਫ ਮੈਨੇਜਮੈਂਟ ਐਂਡ ਟੈਕਨਾਲੋਜੀ ਵਿਖੇ ਵੱਖ-ਵੱਖ ਖੇਤਰਾਂ ਵਿੱਚ ਕੋਚਿੰਗ ਲੈ ਰਹੇ ਵਿਦਿਆਰਥੀਆਂ ਨੇ ਇਸ ਵਿਚ ਹਿੱਸਾ ਲਿਆ। ਮੁੱਖ ਮਹਿਮਾਨ ਸੇਵਾਮੁਕਤ ਲੈਫਟੀਨੈਂਟ ਜਨਰਲ ਜੇ. ਐੱਸ. ਢਿੱਲੋਂ ਨੇ ਨੌਜਵਾਨਾਂ ਨੂੰ ਦੇਸ਼ ਦੀ ਤਰੱਕੀ ਲਈ ਕੰਮ ਕਰਨ ਵਾਸਤੇ ਪ੍ਰੇਰਿਤ

ਕਰਨ ਲਈ, ਅਜਿਹੇ ਸਮਾਗਮਾਂ ਕਰਵਾਉਣ ਲਈ ਕੇਂਦਰੀ ਸੰਚਾਰ ਬਿਊਰੋ ਦੀ ਸ਼ਲਾਘਾ ਕੀਤੀ। ਉਨ੍ਹਾਂ ਕਿਹਾ ਕਿ ਨੌਜਵਾਨ ਦਿਮਾਗ ਵਿਦੇਸ਼ ਵਿਚ ਨਾ ਜਾ ਕੇ, ਆਪਣੇ ਦੇਸ਼ ਵਿਚ ਹੀ ਕੰਮ ਕਰਕੇ ਭਾਰਤ ਦੀ ਤਰੱਕੀ ਵਿੱਚ ਯੋਗਦਾਨ ਪਾਉਣ। ਫੀਲਡ ਪਬਲੀਸਿਟੀ ਅਫਸਰ ਰਾਜੇਸ਼ ਬਾਲੀ ਨੇ ਲੈਫਟੀਨੈਂਟ ਜਨਰਲ ਜੇ. ਐੱਸ. ਢਿੱਲੋਂ ਅਤੇ ਵਿੰਗ ਕਮਾਂਡਰ ਨੂੰ ਕਾਰਗਿਲ ਵਿਜੇ ਦਿਵਸ ਦੀ ਸਿਲਵਰ ਜੁਬਲੀ ਨਾਲ ਸਬੰਧਤ ਵਿਸ਼ੇਸ਼ ਬੈਜ ਲਗਾ ਕੇ ਸਨਮਾਨਿਤ ਕੀਤਾ। ਮਗਰੋਂ ਮੁਕਾਬਲੇ ਦੇ ਜੇਤੂਆਂ ਨੂੰ ਸਨਮਾਨਿਤ ਕੀਤਾ ਗਿਆ।

-----------------------------------------------------

ਗੁਰਦਾਸਪੁਰ ਜ਼ਿਲੇ ਵਿਚ ਪੁਲਿਸ ਥਾਣਾ ਕਲਾਨੌਰ ਅਧੀਨ ਆਉਂਦੇ ਪਿੰਡ ਅਗਵਾਨ ਦੇ ਖੇਤਾਂ ਵਿੱਚੋਂ ਕਲ ਇੱਕ ਡਰੌਨ ਮਿਲਿਆ, ਜਿਸ ਕਾਰਣ ਬੀ ਐਸ ਐਫ ਦੇ ਜਵਾਨਾਂ ਅਤੇ ਪੰਜਾਬ ਪੁਲਿਸ ਨੇ, ਡੀ ਐਸ ਪੀ ਗੁਰਵਿੰਦਰ ਸਿੰਘ ਦੀ ਅਗਵਾਈ ਵਿਚ, ਤਲਾਸ਼ੀ ਮੁਹਿੰਮ ਚਲਾਈ ਗਈ। ਇਸ ਦੌਰਾਨ 2 ਕਿਲੋ 241 ਗ੍ਰਾਮ ਹੈਰੋਇਨ ਬਰਾਮਦ ਹੋਈ। ਕਲਾਨੌਰ ਪੁਲਿਸ ਥਾਣਾ ਵਿਖੇ SPD ਬਲਵਿੰਦਰ ਸਿੰਘ ਰੰਧਾਵਾ ਨੇ ਪੱਤਰਕਾਰਾਂ ਨੂੰ ਦੱਸਿਆ

ਕਿ ਹੈਰੋਇਨ ਬਰਾਮਦ ਹੋਣ ਮਗਰੋਂ, ਪੁਲਿਸ ਨੇ ਅਣਪਛਾਤਿਆਂ ਖਿਲਾਫ ਨਸ਼ਿਆਂ ਨੂੰ ਰੋਕਣ ਬਾਰੇ ਐਕਟ ਤਹਿਤ ਮੁਕਦਮਾ ਦਰਜ਼ ਕਰ ਲਿਆ ਏ।

---------------------------------------------------------

ਪੰਜਾਬ ਸਕੂਲ ਸਿੱਖਿਆ ਵਿਭਾਗ ਨੇ, ਅਧਿਆਪਕਾਂ ਦੀਆਂ ਆਮ ਬਦਲੀਆਂ ਲਈ ਆਨਲਾਈਨ ਪੋਰਟਲ ਕਲ ਤੋਂ ਖੋਲ੍ਹ ਦਿੱਤਾ ਏ ਅਤੇ ਇਹ 5 ਅਗਸਤ ਤੱਕ ਖੁੱਲ੍ਹਾ ਰਹੇਗਾ। ਵਿਭਾਗ ਦੇ ਇਕ ਬੁਲਾਰੇ ਨੇ ਕਿਹਾ ਕਿ ਅਧਿਆਪਕਾਂ ਦੀਆਂ ਬਦਲੀਆਂ, ਅਧਿਆਪਕ ਤਬਾਦਲਾ ਨੀਤੀ-2019 ਅਤੇ ਸਮੇਂ ਸਮੇਂ ’ਤੇ ਕੀਤੀਆਂ ਸੋਧਾਂ ਅਨੁਸਾਰ ਕੀਤੀਆਂ ਜਾਣਗੀਆਂ । ਇਸ ਤੋਂ ਇਲਾਵਾ ਕੰਪਿਓਟਰ ਫੈਕਲਟੀ ਅਤੇ ਨਾਨ-ਟੀਚਿੰਗ ਸਟਾਫ ਲਈ 2019 ਤੇ 2020 ਵਿੱਚ ਜਾਰੀ ਹਦਾਇਤਾਂ ਅਨੁਸਾਰ ਬਦਲੀਆਂ ਹੋਣਗੀਆਂ । ਬੁਲਾਰੇ ਨੇ ਦੱਸਿਆ ਕਿ ਇੱਛੁਕ ਅਧਿਆਪਕ 5 ਅਗਸਤ ਤੱਕ ਆਪਣੀ ਆਨਲਾਈਨ ਅਰਜ਼ੀ ਨੂੰ ਸੋਧ ਸਕਦੇ ਨੇ ।